# ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ ਸਟੇਟ ਪ੍ਰੋਜੈਕਟ ਡਾਇਰੈਕਟਰ
# ਦਫ਼ਤਰ ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)


ਐਸ.ਸ਼ੀ.ਓ. ਨੰ: 104-106, ਦੂਸਰੀ ਅਤੇ ਤੀਸਰੀ ਮੰਜ਼ਿਲ, ਸੈਕਟਰ - 34-A, ਚੰਡੀਗੜ

| ਟੈਲੀਫੋਨ | ਫੈਕਸ | ਈ-ਮੇਲ |
|---|---|---|
| 2621104 | 2624687 | ssapunjab_egs@yahoo.co.in |
| 2621106 | 2623206 | egspunjab@gmail.com |


ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)
ਪੰਜਾਬ।

ਮੀਮੋ ਨੰ: ਸਸਅ/ਏ.ਆਈ.ਈ/ਓ.ਓ.ਐਸ.ਸੀ/2010-11/**38777-796**
ਮਿੱਤੀ ਚੰਡੀਗੜ੍ਹ: **26-05-10**

**ਵਿਸ਼ਾ:- ਏ.ਆਈ.ਈ ਕੇਂਦਰਾਂ ਵਿਚ ਬੱਚਿਆਂ ਨੂੰ ਦਾਖਲ ਕਰਨ ਬਾਰੇ।**

**1.0** ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

**2.0** ਜਿਵੇਂ ਕਿ ਆਪ ਨੂੰ ਪਤਾ ਹੀ ਹੈ ਕਿ ਸਮੇਂ-ਸਮੇਂ ਸਿਰ ਮਹੀਨਾਵਾਰ ਮੀਟਿੰਗਾਂ ਵਿਚ ਐਸ.ਐਸ.ਏ ਪ੍ਰੋਗ੍ਰਾਮ ਤਹਿਤ ਏ.ਆਈ.ਈ ਕੇਂਦਰਾਂ ਵਿਚ ਬੱਚਿਆਂ ਦੇ ਦਾਖਲੇ ਕਰਨ ਬਾਰੇ ਆਪ ਜੀ ਨਾਲ ਵਿਚਾਰ ਕੀਤਾ ਜਾਂਦਾ ਰਿਹਾ ਹੈ ਅਤੇ ਇਸ ਬਾਰੇ ਆਪ ਜੀ ਨੂੰ ਸਮੇਂ-ਸਮੇਂ ਤੇ ਬੜੇ ਵਿਸਥਾਰ ਵਿਚ ਹਦਾਇਤਾਂ ਵੀ ਭੇਜੀਆਂ ਜਾਂਦੀਆਂ ਰਹੀਆਂ ਹਨ। ਏ.ਆਈ.ਈ ਕੇਂਦਰਾਂ ਵਿਚ 8 ਤੋਂ 14 ਸਾਲ ਤੱਕ ਦੀ ਉਮਰ ਦੇ ਹੀ ਬੱਚੇ ਦਾਖਲ ਕੀਤੇ ਜਾ ਸਕਦੇ ਹਨ ਪਰੰਤੂ ਇਹ ਆਮ ਵੇਖਣ ਵਿਚ ਆਇਆ ਹੈ ਕਿ ਕਈ ਥਾਵਾਂ ਤੇ 3 ਜਾਂ 4 ਸਾਲ ਦੇ ਬੱਚੇ ਵੀ ਦਾਖਲ ਕੀਤੇ ਗਏ ਹਨ। ਇਹ ਸ਼ਾਇਦ ਏ.ਆਈ.ਈ ਵਲੰਟੀਅਰਾਂ ਵਲੋਂ ਬੱਚਿਆਂ ਦੀ ਗਿਣਤੀ ਪੂਰੀ ਕਰਨ ਲਈ ਕੀਤਾ ਗਿਆ ਜਾਪਦਾ ਹੈ। ਇਸ ਲਈ ਆਪ ਨੂੰ ਲਿੱਖਿਆ ਜਾਂਦਾ ਹੈ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਏ.ਆਈ.ਈ ਕੇਂਦਰਾਂ ਵਿਚ ਬੱਚਿਆਂ ਦਾ ਦਾਖਲਾ ਉਨ੍ਹਾਂ ਦੀ ਉਮਰ ਅਨੁਸਾਰ ਅਤੇ ਸਰਕਾਰੀ ਹਦਾਇਤਾਂ ਅਨੁਸਾਰ ਹੀ ਹੋਵੇ।

**3.0** ਇਸ ਤੋਂ ਇਲਾਵਾ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਏ.ਆਈ.ਈ ਵਲੰਟੀਅਰਾਂ ਵਲੋਂ ਏ.ਆਈ.ਈ ਕੇਂਦਰਾਂ ਵਿਚ ਦਾਖਲ ਬੱਚਿਆਂ ਦੀ ਪੜ੍ਹਾਈ ਵੱਲ ਕੋਈ ਖਾਸ ਧਿਆਨ ਨਹੀਂ ਦਿੱਤਾ ਜਾਂਦਾ ਅਤੇ ਇਹ ਵਲੰਟੀਅਰ ਸਿਰਫ ਬੱਚਿਆਂ ਦੇ ਦਾਖਲੇ ਤੱਕ ਹੀ ਆਪਣੇ ਆਪ ਨੂੰ ਸੀਮਿਤ ਰੱਖਦੇ ਹਨ। ਇਸ ਲਈ ਆਪ ਜੀ ਨੂੰ ਲਿੱਖਿਆ ਜਾਂਦਾ ਹੈ ਕਿ ``ਪੜ੍ਹੋ ਪੰਜਾਬ" ਪ੍ਰੋਜੈਕਟ ਅਧੀਨ ਲਗਾਏ ਗਏ ਮਾਸਟਰ ਟ੍ਰੇਨਰ ਜਾਂ ਬਲਾਕ ਟ੍ਰੇਨਰ ਦੀ ਸਹਾਇਤਾਂ ਨਾਲ ਇਨ੍ਹਾਂ ਏ.ਆਈ.ਈ ਕੇਂਦਰਾਂ ਦੇ ਵਿਚ ਦਾਖਲ ਹੋਏ ਬੱਚਿਆਂ ਦੇ ਮਿਆਰ ਦਾ ਪਤਾ ਲਗਾਇਆ ਜਾਵੇ ਤਾਂ ਜੋ ਏ.ਆਈ.ਈ ਕੇਂਦਰਾਂ ਦੀ ਮੁਲਾਂਕਣ ਠੀਕ ਢੰਗ ਨਾਲ ਹੋ ਸਕੇ। ਜਦੋਂ ਇਹ ਵੇਖਿਆ ਜਾਵੇ ਕਿ ਏ.ਆਈ.ਈ

ਵਲੰਟੀਅਰਾਂ ਵਲੋਂ ਪੜਾਈ ਠੀਕ ਢੰਗ ਨਾਲ ਨਹੀ ਕਰਵਾਈ ਜਾ ਰਹੀ ਹੈ ਤਾਂ ਉਨ੍ਹਾਂ ਨੂੰ ਬਦਲਣ ਜਾਂ ਕੋਈ ਹੋਰ ਕਾਰਵਾਈ ਨਿਯਮਾਂ ਅਨੁਸਾਰ ਕਰਨ ਲਈ ਕਿਹਾ ਜਾਵੇ ਜੀ।

**4.0** ਕਿਸੇ ਵੀ ਏ.ਆਈ.ਈ ਵਲੰਟੀਅਰ ਨੂੰ ਕੇਂਦਰ ਦੇ ਸਮੇਂ ਦੌਰਾਨ ਬੀ.ਪੀ.ਈ.ਓ/ਸੈਂਟਰ ਹੈਡ ਟੀਚਰ ਵਲੋਂ ਆਪਣੇ ਦਫ਼ਤਰ ਵਿਖੇ ਡਾਕ ਆਦਿ ਦੀ ਸੂਚਨਾ ਲਿਆਉਣ ਵਾਸਤੇ ਨਹੀ ਬੁਲਾਉਣਗੇ ਅਤੇ ਕੋਈ ਵੀ ਵਲੰਟੀਅਰ ਆਪਣੇ ਨਿਰਧਾਰਤ ਸਮੇਂ ਤੋਂ ਪਹਿਲਾਂ ਕੇਂਦਰ ਬੰਦ ਨਹੀ ਕਰਨਗੇ।

**5.0** ਹੁਕਮਾਂ ਦੀ ਇੰਨ ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

**-ਸਹੀ-**
**ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ।**

ਪਿੱਠ ਅੰਕਣ ਨੰ: ਸਸਅ/ਏ.ਆਈ.ਈ/ਓ.ਓ.ਐਸ.ਸੀ/2010-11/**38797-38816** ਮਿਤੀ: **26-05-10**

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆਂ ਅਫ਼ਸਰ(ਸੈ.ਸਿ) ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**-ਸਹੀ-**
**ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ।**

ਪਿੱਠ ਅੰਕਣ ਨੰ: ਸਸਅ/ਏ.ਆਈ.ਈ/ਓ.ਓ.ਐਸ.ਸੀ/2010-11/**38717** ਮਿਤੀ: **26-05-10**

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਨੂੰ ਈ-ਮੇਲ ਰਾਹੀਂ ਸੂਚਨਾ ਅਤੇ ਇੰਨ-ਬਿੰਨ ਪਾਲਣਾ ਹਿੱਤ ਭੇਜਿਆ ਜਾਂਦਾ ਹੈ।

**-ਸਹੀ-**
**ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ।**

ਪਿੱਠ ਅੰਕਣ ਨੰ: ਸਸਅ/ਏ.ਆਈ.ਈ/ਓ.ਓ.ਐਸ.ਸੀ/2010-11/**38718** ਮਿਤੀ: **26-05-10**

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਪੜ੍ਹੋ ਪੰਜਾਬ ਕੋਆਰਡੀਨੇਟਰਾਂ ਨੂੰ ਈ-ਮੇਲ ਰਾਹੀਂ ਸੂਚਨਾ ਅਤੇ ਇੰਨ-ਬਿੰਨ ਪਾਲਣਾ ਹਿੱਤ ਭੇਜਿਆ ਜਾਂਦਾ ਹੈ।

**-ਸਹੀ-**
**ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ**
**ਪੰਜਾਬ।**